ਹੁਣ ਉਸਾਰੀ ਕਿਰਤੀ ਸੇਵਾ ਕੇਂਦਰਾਂ ’ਤੇ ਕਰਵਾ ਸਕਣਗੇ ਆਪਣੀ ਰਜਿਸਟਰੇਸ਼ਨ : ਡਿਪਟੀ ਕਮਿਸ਼ਨਰ

ਉਸਾਰੀ ਕਿਰਤੀ ਭਲਾਈ ਬੋਰਡ ਦਿੰਦਾ ਹੈ ਰਜਿਸਟਰਡ ਕਿਰਤੀਆਂ ਨੂੰ ਅਨੇਕਾਂ ਲਾਭ

ਤਰਨਤਾਰਨ, 19 ਸਤੰਬਰ ( ) :

ਪੰਜਾਬ ਸਰਕਾਰ ਵਲੋਂ ਸਥਾਪਤ ਕੀਤੇ ਸੇਵਾ ਕੇਂਦਰਾਂ ਤੇ ਹੁਣ ਪੰਜਾਬ ਬਿਲਡਿੰਗ ਐਂਡ ਕੰਸਟਰਕਸ਼ਨ ਵਰਕਸ ਵੇਲਫੇਅਰ ਬੋਰਡ ਦੀ ਉਸਾਰੀ ਕਿਰਤੀਆਂ ਨੂੰ ਪੰਜੀਿਤ ਕਰਨ ਦੀ ਸੇਵਾ ਵੀ ਸ਼ੁਰੂ ਹੋ ਗਈ ਹੈ। ਇਹ ਜਾਣਕਾਰੀ ਜਿਲ੍ਹੇ ਦੇ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ (ਆਈ. ਏ. ਐਸ.) ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆਂ ਕਿ ਉਸਾਰੀ ਕਾਰਜਾਂ ਵਿੱਚ ਲੱਗੇ ਕਿਰਤੀਆਂ ਨੂੰ ਬੋਰਡ ਵਲੋਂ ਬਹੁਤ ਸਾਰੇ ਲਾਭ ਦਿੱਤੇ ਜਾਂਦੇ ਹਨ, ਪਰ ਇਹ ਲਾਭ ਤਾਂ ਹੀ ਮਿਲ ਸਕਦੇ ਹਨ, ਜੇਕਰ ਉਸਾਰੀ ਕਿਰਤੀ ਬੋਰਡ ਕੋਲ ਰਜਿਸਟਰਡ ਹੋਣ। ਇਸੇ ਲਈ ਉਸਾਰੀ ਕਿਰਤੀਆਂ ਦੀ ਰਜਿਸਟਰੇਸ਼ਨ ਨੂੰ ਅਸਾਨ ਬਣਾਉਣ ਲਈ ਸਰਕਾਰ ਵਲੋਂ ਇਹ ਸੇਵਾ ਸ਼ੁਰੂ ਕੀਤੀ ਗਈ ਹੈ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਰਜਿਸਟਰੇਸ਼ਨ ਲਈ ਕਿਰਤੀ ਦੀ ਉਮਰ 18 ਤੋਂ 60 ਸਾਲ ਵਿਚਕਾਰ ਹੋਣੀ ਚਾਹੀਦੀ ਹੈ, ਉਸ ਕੋਲ ਤਿੰਨ ਮਹੀਨੇ ਦੇ ਤਜ਼ਰਬੇ ਦਾ ਸਬੂਤ ਹੋਣਾ ਚਾਹੀਦਾ ਹੈ। ਉਹ ਆਪਣੇ ਆਧਾਰ ਕਾਰਡ, ਵੋਟ ਕਾਰਡ ਸਮੇਤ ਅਤੇ ਆਪਣੇ ਪਰਿਵਾਰ ਦੇ ਜ਼ੀਆਂ ਦੀਆਂ ਤਸਵੀਰਾਂ, ਪਰਿਵਾਰ ਦੇ ਮੈਂਬਰਾਂ ਦੇ ਆਧਾਰ ਕਾਰਡ ਆਦਿ ਸਮੇਤ ਰਜਿਸਟ੍ਰੇਸ਼ਨ ਲਈ ਆਪਣੇ ਨੇੜੇ ਦੇ ਕਿਸੇ ਵੀ ਸੇਵਾ ਕੇਂਦਰ ਵਿੱਚ ਪਹੁੰਚ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਸੇਵਾ ਕੇਂਦਰਾਂ ਰਾਹੀਂ ਰਜਿਸਟ੍ਰੇਸ਼ਨ ਉਸਾਰੀ ਕਿਰਤੀਆਂ ਲਈ ਬਹੁਤ ਹੀ ਲਾਭਕਾਰੀ ਸਾਬਿਤ ਹੋਵੇਗੀ, ਕਿਉਂਕਿ ਪਹਿਲਾਂ ਉਨ੍ਹਾਂ ਨੂੰ ਇਸ ਲਈ ਕਿਰਤ ਵਿਭਾਗ ਦੇ ਦਫ਼ਤਰ ਵਿਚ ਜਾਣਾ ਪੈਂਦਾ ਸੀ, ਜਿਥੇ ਭੀੜ ਭਾੜ ਹੁੰਦੀ ਸੀ, ਪਰ ਹੁਣ ਉਹ ਇਹ ਸੇਵਾ ਆਪਣੇ ਪਿੰਡ, ਮੁਹੱਲੇ ਦੇ ਨਜ਼ਦੀਕ ਦੇ ਕਿਸੇ ਵੀ ਸੇਵਾ ਕੇਂਦਰ ਤੋਂ ਪ੍ਰਾਪਤ ਕਰ ਸਕਦੇ ਹਨ।

ਉਨ੍ਹਾਂ ਦੱਸਿਆਂ ਕਿ ਜਿਹੜੇ ਉਸਾਰੀ ਕਿਰਤੀ ਬੋਰਡ ਕੋਲ ਰਜਿਸਟਰਡ ਹੁੰਦੇ ਹਨ, ਉਹਨਾਂ ਨੂੰ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ ਵੈਲਫੇਅਰ ਬੋਰਡ ਵਲੋਂ ਉਨ੍ਹਾਂ ਦੇ ਬੱਚਿਆਂ ਨੂੰ ਪੜ੍ਹਾਈ ਲਈ ਵਜੀਫਾ, ਦਾਹ ਸੰਸਕਾਰ ਲਈ ਸਹਾਇਤਾ, ਸਰਜਰੀ ਲਈ ਸਹਾਇਤਾ, ਖ਼ਤਰਨਾਕ ਬਿਮਾਰੀਆਂ ਦੇ ਇਲਾਜ਼ ਲਈ ਸਹਾਇਤਾ, ਐਕਸਗ੍ਰੇਸੀਆਂ ਗਰਾਂਟ, ਸ਼ਗਨ ਸਕੀਮ, ਐਲ.ਟੀ.ਸੀ ਲਾਭ, ਪ੍ਰਸੂਤਾ ਸਕੀਮ ਅਤੇ ਮਾਨਸਿਕ ਰੋਗੀਆਂ ਦੇ ਇਲਾਜ਼ ਸਬੰਧੀ ਸਕੀਮ ਦਾ ਲਾਭ ਦਿੱਤਾ ਜਾਂਦਾ ਹੈ। ਉਨ੍ਹਾਂ ਜ਼ਿਲ੍ਹੇ ਦੇ ਉਸਾਰੀ ਕਿਰਤੀਆਂ ਨੂੰ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ ਕੀਤੀ ਤਾਂ ਜੋ ਉਹ ਇਹਨਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈ ਸਕਣ।

------------------------